ਗੋਂਡ ॥ ਜੈਸੇ ਮੰਦਰ ਮਹਿ ਬਲਹਰ ਨਾ ਠਾਹਰੈ ॥ ਨਾਮ ਬਿਨਾ ਕੈਸੇ ਪਾਰਿ ਉਤਰੈ ॥ ਕੁੰਭ ਬਿਨਾ ਜਲੁ ਨਾ ਟੀਕਾਵੈ ॥ ਸਾਧੂ  ਬਿਨੁ ਐਸੇ ਅਬਗਤੁ ਜਾਵੈ ॥੧॥ ਜਾਰਉ ਤਿਸੈ ਜੁ ਰਾਮੁ ਨ ਚੇਤੈ ॥ ਤਨ ਮਨ ਰਮਤ ਰਹੈ ਮਹਿ ਖੇਤੈ ॥੧॥ ਰਹਾਉ ॥ ਜੈਸੇ ਹਲਹਰ ਬਿਨਾ ਜਿਮੀ ਨਹੀ ਬੋਈਐ ॥ ਸੂਤ ਬਿਨਾ ਕੈਸੇ ਮਣੀ ਪਰੋਈਐ ॥ ਘੁੰਡੀ ਬਿਨੁ ਕਿਆ ਗੰਠਿ ਚੜ੍ਹਾਈਐ ॥ ਸਾਧੂ ਬਿਨੁ ਤੈਸੇ ਅਬਗਤੁ ਜਾਈਐ ॥੨॥ ਜੈਸੇ ਮਾਤ ਪਿਤਾ ਬਿਨੁ ਬਾਲੁ ਨ ਹੋਈ ॥ ਬਿੰਬ ਬਿਨਾ ਕੈਸੇ ਕਪਰੇ ਧੋਈ ॥ ਘੋਰ ਬਿਨਾ ਕੈਸੇ ਅਸਵਾਰ ॥ ਸਾਧੂ ਬਿਨੁ ਨਾਹੀ ਦਰਵਾਰ ॥੩॥ ਜੈਸੇ ਬਾਜੇ ਬਿਨੁ ਨਹੀ ਲੀਜੈ ਫੇਰੀ ॥ ਖਸਮਿ ਦੁਹਾਗਨਿ ਤਜਿ ਅਉਹੇਰੀ ॥ ਕਹੈ ਕਬੀਰੁ ਏਕੈ ਕਰਿ ਕਰਨਾ ॥ ਗੁਰਮੁਖਿ ਹੋਇ ਬਹੁਰਿ ਨਹੀ ਮਰਨਾ ॥ ੪॥੬॥੯॥
{ਪੰਨਾ 872}

ਪਦਅਰਥ:- ਮੰਦਰ—ਘਰ। ਬਲਹਰ—ਵਲਾ, ਸ਼ਤੀਰ। ਠਾਹਰੈ—ਟਿਕਦਾ। ਕੁੰਭ—ਘੜਾ। ਸਾਧੂ—ਗੁਰੂ। ਅਬਗਤੁ—ਅਵਗਤਾ ਗਤੀ ਤੋਂ ਬਿਨਾ, ਮੁਕਤੀ ਤੋਂ ਬਿਨਾ, ਭੈੜੇ ਹਾਲ ਹੀ।1।

ਜਾਰਉ—ਮੈਂ ਸਾੜ ਦਿਆਂ। ਤਿਸੈ—ਉਸ (ਨਾਮ ਨੂੰ)। ਤਨ ਮਨ—ਤਨੋਂ ਮਨੋਂ, ਪੂਰਨ ਤੌਰ ਤੇ। ਰਮਤ ਰਹੈ—ਮਾਣਦਾ ਰਹੇ। ਮਹਿ ਖੇਤੈ—ਖੇਤੈ ਮਹਿ, ਸਰੀਰ ਵਿਚ ਹੀ, ਸਰੀਰਕ ਭੋਗਾਂ ਵਿਚ ਹੀ।1। ਰਹਾਉ।

ਹਲਹਰ—ਹਲਧਰ, ਕਿਸਾਨ। ਜਿਮੀ—ਭੋਇਂ, ਜ਼ਮੀਨ। ਮਣੀ—ਮਣਕੇ। ਗੰਠਿ—ਗੰਢ।2।

ਬਿੰਬ—ਪਾਣੀ। ਘੋਰ—ਘੋੜਾ। ਦਰਵਾਰ—ਪ੍ਰਭੂ ਦਾ ਦਰ।3।

ਨਹੀ ਲੀਜੈ ਫੇਰੀ—ਨਾਚ ਨਹੀਂ ਹੋ ਸਕਦਾ। ਖਸਮਿ—ਖਸਮ ਨੇ। ਅਉਹੇਰੀ—{Skt. Avhyilq Disregarded, rejected ਦੁਰਕਾਰ ਦਿੱਤੀ। ਕਰਨਾ—ਕਰਨ-ਜੋਗ ਕੰਮ। ਬਹੁਰਿ—ਮੁੜ, ਫਿਰ।4।

ਅਰਥ:- ਮੈਂ ਉਸ (ਮਨ) ਨੂੰ ਸਾੜ ਦਿਆਂ ਜੋ ਪ੍ਰਭੂ ਨੂੰ ਨਹੀਂ ਸਿਮਰਦਾ ਤੇ ਸਦਾ ਸਰੀਰਕ ਭੋਗਾਂ ਵਿਚ ਹੀ ਖਚਿਤ ਰਹਿੰਦਾ ਹੈ।1। ਰਹਾਉ।

ਜਿਵੇਂ ਘਰ ਵਿਚ ਸ਼ਤੀਰ ਹੈ (ਸ਼ਤੀਰ ਤੋਂ ਬਿਨਾ ਘਰ ਦਾ ਛੱਤ) ਨਹੀਂ ਠਹਿਰ ਸਕਦਾ, ਇਸੇ ਤਰ੍ਹਾਂ ਪ੍ਰਭੂ ਤੇ ਨਾਮ ਤੋਂ ਬਿਨਾ (ਮਨੁੱਖ ਦਾ ਮਨ ਸੰਸਾਰ-ਸਮੁੰਦਰ ਦੇ ਘੁੰਮਣ-ਘੇਰਾਂ ਵਿਚੋਂ) ਪਾਰ ਨਹੀਂ ਲੰਘ ਸਕਦਾ। ਜਿਵੇਂ ਘੜੇ ਤੋਂ ਬਿਨਾ ਪਾਣੀ ਨਹੀਂ ਟਿਕ ਸਕਦਾ, ਤਿਵੇਂ ਗੁਰੂ ਤੋਂ ਬਿਨਾ (ਮਨੁੱਖ ਦਾ ਮਨ ਨਹੀਂ ਟਿਕਦਾ ਤੇ ਮਨੁੱਖ ਦੁਨੀਆ ਤੋਂ) ਭੈੜੇ ਹਾਲ ਹੀ ਜਾਂਦਾ ਹੈ।1।

ਜਿਵੇਂ ਕਿਸਾਨ ਤੋਂ ਬਿਨਾ ਜ਼ਮੀਨ ਨਹੀਂ ਬੀਜੀ ਜਾ ਸਕਦੀ, ਸੂਤਰ ਤੋਂ ਬਿਨਾ ਮਣਕੇ ਪਰੋਏ ਨਹੀਂ ਜਾ ਸਕਦੇ, ਘੁੰਡੀ ਤੋਂ ਬਿਨਾ ਗੰਢ ਨਹੀਂ ਪਾਈ ਜਾ ਸਕਦੀ; ਤਿਵੇਂ ਹੀ ਗੁਰੂ ਦੀ ਸ਼ਰਨ ਤੋਂ ਬਿਨਾ ਮਨੁੱਖ ਭੈੜੇ ਹਾਲ ਹੀ ਜਾਂਦਾ ਹੈ।2।

ਜਿਵੇਂ ਮਾਂ ਪਿਉ (ਦੇ ਮੇਲ) ਤੋਂ ਬਿਨਾ ਬਾਲ ਨਹੀਂ ਜੰਮਦਾ, ਪਾਣੀ ਤੋਂ ਬਿਨਾ ਕੱਪੜੇ ਨਹੀਂ ਧੁਪਦੇ, ਘੋੜੇ ਤੋਂ ਬਿਨਾ ਮਨੁੱਖ ਅਸਵਾਰ ਨਹੀਂ ਅਖਵਾ ਸਕਦਾ, ਤਿਵੇਂ ਗੁਰੂ ਤੋਂ ਬਿਨਾ ਪ੍ਰਭੂ ਦੇ ਦਰ ਦੀ ਪ੍ਰਾਪਤੀ ਨਹੀਂ ਹੁੰਦੀ।3।

ਸਾਜ਼ਾਂ ਤੋਂ ਬਿਨਾ ਜਿਵੇਂ ਨਾਚ ਨਹੀਂ ਹੋ ਸਕਦਾ (ਤਿਵੇਂ ਖਸਮ ਤੋਂ ਬਿਨਾ ਇਸਤ੍ਰੀ ਸੁਹਾਗਣ ਨਹੀਂ ਹੋ ਸਕਦੀ) ਦੁਹਾਗਣ (ਭੈੜੇ ਸੁਭਾਉ ਵਾਲੀ ਇਸਤ੍ਰੀ) ਨੂੰ ਖਸਮ ਨੇ ਤਿਆਗ ਕੇ ਸਦਾ ਦੁਰਕਾਰ ਹੀ ਦਿੱਤਾ ਹੁੰਦਾ ਹੈ।

ਕਬੀਰ ਆਖਦਾ ਹੈ—ਇੱਕੋ ਹੀ ਕਰਨ-ਜੋਗ ਕੰਮ ਕਰ, ਗੁਰੂ ਦੇ ਸਨਮੁਖ ਹੋ (ਤੇ ਨਾਮ ਸਿਮਰ) ਫਿਰ ਫਿਰ ਜੰਮਣਾ-ਮਰਨਾ ਨਹੀਂ ਪਏਗਾ।4।6।9।